ਰਾਗੁ ਮਾਲੀ ਗਉੜਾ ਮਹਲਾ ੪

# ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਅਨਿਕ ਜਤਨ ਕਰਿ ਰਹੇ ਹਰਿ ਅੰਤੁ ਨਾਹੀ ਪਾਇਆ ॥ ਹਰਿ ਅਗਮ ਅਗਮ ਅਗਾਧਿ ਬੋਧਿ ਆਦੇਸੁ ਹਰਿ ਪ੍ਰਭ ਰਾਇਆ ॥੧॥ ਰਹਾਉ ॥ ਕਾਮੁ ਕ੍ਰੋਧੁ ਲੋਭੁ ਮੋਹੁ ਨਿਤ ਝਗਰਤੇ ਝਗਰਾਇਆ ॥ ਹਮ ਰਾਖੁ ਰਾਖੁ ਦੀਨ ਤੇਰੇ ਹਰਿ ਸਰਨਿ ਹਰਿ ਪ੍ਰਭ ਆਇਆ ॥੧॥ ਸਰਣਾਗਤੀ ਪ੍ਰਭ ਪਾਲਤੇ ਹਰਿ ਭਗਤਿ ਵਛਲੁ ਨਾਇਆ ॥ ਪ੍ਰਹਿਲਾਦੁ ਜਨੁ ਹਰਨਾਖਿ ਪਕਰਿਆ ਹਰਿ ਰਾਖਿ ਲੀਓ ਤਰਾਇਆ ॥੨॥ ਹਰਿ ਚੇਤਿ ਰੇ ਮਨ ਮਹਲੁ ਪਾਵਣ ਸਭ ਦੂਖ ਭੰਜਨੁ ਰਾਇਆ ॥ ਭਉ ਜਨਮ ਮਰਨ ਨਿਵਾਰਿ ਠਾਕੁਰ ਹਰਿ ਗੁਰਮਤੀ ਪ੍ਰਭੁ ਪਾਇਆ ॥੩॥ ਹਰਿ ਪਤਿਤ ਪਾਵਨ ਨਾਮੁ ਸੁਆਮੀ ਭਉ ਭਗਤ ਭੰਜਨੁ ਗਾਇਆ ॥ ਹਰਿ ਹਾਰੁ ਹਰਿ ਉਰਿ ਧਾਰਿਓ ਜਨ ਨਾਨਕ ਨਾਮਿ ਸਮਾਇਆ ॥੪॥੧॥ ਮਾਲੀ ਗਉੜਾ ਮਹਲਾ ੪ ॥ ਜਪਿ ਮਨ ਰਾਮ ਨਾਮੁ ਸੁਖਦਾਤਾ ॥ ਸਤਸੰਗਤਿ ਮਿਲਿ ਹਰਿ ਸਾਦੁ ਆਇਆ ਗੁਰਮੁਖਿ ਬ੍ਰਹਮੁ ਪਛਾਤਾ ॥੧॥ ਰਹਾਉ ॥ ਵਡਭਾਗੀ ਗੁਰ ਦਰਸਨੁ ਪਾਇਆ ਗੁਰਿ ਮਿਲਿਐ ਹਰਿ ਪ੍ਰਭੁ ਜਾਤਾ ॥ ਦੁਰਮਤਿ ਮੈਲੁ ਗਈ ਸਭ ਨੀਕਰਿ ਹਰਿ ਅੰਮ੍ਰਿਤਿ ਹਰਿ ਸਰਿ ਨਾਤਾ ॥੧॥ ਧਨੁ ਧਨੁ ਸਾਧ ਜਿਨੀ ਹਰਿ ਪ੍ਰਭੁ ਪਾਇਆ ਤਿਨ੍ ਪੂਛਉ ਹਰਿ ਕੀ ਬਾਤਾ ॥ ਪਾਇ ਲਗਉ ਨਿਤ ਕਰਉ ਜੁਦਰੀਆ ਹਰਿ ਮੇਲਹੁ ਕਰਮਿ ਬਿਧਾਤਾ ॥੨॥ ਲਿਲਾਟ ਲਿਖੇ ਪਾਇਆ ਗੁਰੁ ਸਾਧੂ ਗੁਰ ਬਚਨੀ ਮਨੁ ਤਨੁ ਰਾਤਾ ॥ ਹਰਿ ਪ੍ਰਭ ਆਇ ਮਿਲੇ ਸੁਖੁ ਪਾਇਆ ਸਭ ਕਿਲਵਿਖ ਪਾਪ ਗਵਾਤਾ ॥੩॥ ਰਾਮ ਰਸਾਇਣੁ ਜਿਨ੍ ਗੁਰਮਤਿ ਪਾਇਆ ਤਿਨ੍ ਕੀ ਊਤਮ ਬਾਤਾ ॥ ਤਿਨ ਕੀ ਪੰਕ ਪਾਈਐ ਵਡਭਾਗੀ ਜਨ ਨਾਨਕੁ ਚਰਨਿ ਪਰਾਤਾ ॥੪॥੨॥

ਮਾਲੀ ਗਉੜਾ ਮਹਲਾ ੪ ॥ ਸਭਿ ਸਿਧ ਸਾਧਿਕ ਮੁਨਿ ਜਨਾ ਮਨਿ ਭਾਵਨੀ ਹਰਿ ਧਿਆਇਓ ॥ ਅਪਰੰਪਰੋ ਪਾਰਬ੍ਰਹਮੁ
ਸੁਆਮੀ ਹਰਿ ਅਲਖੁ ਗੁਰੂ ਲਖਾਇਓ ॥੧॥ ਰਹਾਉ ॥ ਹਮ ਨੀਚ ਮਧਿਮ ਕਰਮ ਕੀਏ ਨਹੀ ਚੇਤਿਓ ਹਰਿ ਰਾਇਓ ॥
ਹਰਿ ਆਨਿ ਮੇਲਿਓ ਸਤਿਗੁਰੂ ਖਿਨੁ ਬੰਧ ਮੁਕਤਿ ਕਰਾਇਓ ॥੧॥ ਪ੍ਰਭਿ ਮਸਤਕੇ ਧੁਰਿ ਲੀਖਿਆ ਗੁਰਮਤੀ ਹਰਿ
ਲਿਵ ਲਾਇਓ ॥ ਪੰਚ ਸਬਦ ਦਰਗਹ ਬਾਜਿਆ ਹਰਿ ਮਿਲਿਓ ਮੰਗਲੁ ਗਾਇਓ ॥੨॥ ਪਤਿਤ ਪਾਵਨੁ ਨਾਮੁ
ਨਰਹਰਿ ਮੰਦਭਾਗੀਆਂ ਨਹੀ ਭਾਇਓ ॥ ਤੇ ਗਰਭ ਜੋਨੀ ਗਾਲੀਅਹਿ ਜਿਉ ਲੋਨੁ ਜਲਹਿ ਗਲਾਇਓ ॥੩॥ ਮਤਿ
ਦੇਹਿ ਹਰਿ ਪ੍ਰਭ ਅਗਮ ਠਾਕੁਰ ਗੁਰ ਚਰਨ ਮਨੁ ਮੈ ਲਾਇਓ ॥ ਹਰਿ ਰਾਮ ਨਾਮੈ ਰਹਉ ਲਾਗੋ ਜਨ ਨਾਨਕ ਨਾਮਿ
ਸਮਾਇਓ ॥੪॥੩॥ ਮਾਲੀ ਗਉੜਾ ਮਹਲਾ ੪ ॥ ਮੇਰਾ ਮਨੁ ਰਾਮ ਨਾਮਿ ਰਸਿ ਲਾਗਾ ॥ ਕਮਲ ਪ੍ਰਗਾਸੁ ਭਇਆ
ਗੁਰੁ ਪਾਇਆ ਹਰਿ ਜਪਿਓ ਭ੍ਰਮੁ ਭਉ ਭਾਗਾ ॥੧॥ ਰਹਾਉ ॥ ਭੈ ਭਾਇ ਭਗਤਿ ਲਾਗੋ ਮੇਰਾ ਹੀਅਰਾ ਮਨੁ ਸੋਇਓ
ਗੁਰਮਤਿ ਜਾਗਾ ॥ ਕਿਲਬਿਖ ਖੀਨ ਭਏ ਸਾਂਤਿ ਆਈ ਹਰਿ ਉਰ ਧਾਰਿਓ ਵਡਭਾਗਾ ॥੧॥ ਮਨਮੁਖੁ ਰੰਗੁ ਕਸੁੰਭੁ
ਹੈ ਕਚੂਆ ਜਿਉ ਕੁਸਮ ਚਾਰਿ ਦਿਨ ਚਾਗਾ ॥ ਖਿਨ ਮਹਿ ਬਿਨਸਿ ਜਾਇ ਪਰਤਾਪੈ ਡੰਡੁ ਧਰਮ ਰਾਇ ਕਾ ਲਾਗਾ
॥੨॥ ਸਤਸੰਗਤਿ ਪ੍ਰੀਤਿ ਸਾਧ ਅਤਿ ਗੂੜੀ ਜਿਉ ਰੰਗੁ ਮਜੀਠ ਬਹੁ ਲਾਗਾ ॥ ਕਾਇਆ ਕਾਪਰੁ ਚੀਰ ਬਹੁ ਫਾਰੇ
ਹਰਿ ਰੰਗੁ ਨ ਲਹੈ ਸਭਾਗਾ ॥੩॥ ਹਰਿ ਚਾਰ੍ਹਿਓ ਰੰਗੁ ਮਿਲੈ ਗੁਰੁ ਸੋਭਾ ਹਰਿ ਰੰਗਿ ਚਲੂਲੈ ਰਾਂਗਾ ॥ ਜਨ ਨਾਨਕੁ
ਤਿਨ ਕੇ ਚਰਨ ਪਖਾਰੈ ਜੋ ਹਰਿ ਚਰਨੀ ਜਨੁ ਲਾਗਾ ॥੪॥੪॥ ਮਾਲੀ ਗਉੜਾ ਮਹਲਾ ੪ ॥ ਮੇਰੇ ਮਨ ਭਜੁ ਹਰਿ
ਹਰਿ ਨਾਮੁ ਗੁਪਾਲਾ ॥ ਮੇਰਾ ਮਨੁ ਤਨੁ ਲੀਨੁ ਭਇਆ ਰਾਮ ਨਾਮੈ ਮਤਿ ਗੁਰਮਤਿ ਰਾਮ ਰਸਾਲਾ ॥੧॥ ਰਹਾਉ ॥
ਗੁਰਮਤਿ ਨਾਮੁ ਧਿਆਈਐ ਹਰਿ ਹਰਿ ਮਨਿ ਜਪੀਐ ਹਰਿ ਜਪਮਾਲਾ ॥ ਜਿਨ੍ਹ ਕੈ ਮਸਤਕਿ ਲੀਖਿਆ ਹਰਿ ਮਿਲਿਆ
ਹਰਿ ਬਨਮਾਲਾ ॥੧॥ ਜਿਨ੍ਹ ਹਰਿ ਨਾਮੁ ਧਿਆਇਆ ਤਿਨ੍ਹ ਚੂਕੇ ਸਰਬ ਜੰਜਾਲਾ ॥ ਤਿਨ੍ਹ ਜਮੁ ਨੇੜਿ ਨ ਆਵਈ
ਗੁਰਿ ਰਾਖੇ ਹਰਿ ਰਖਵਾਲਾ ॥੨॥ ਹਮ ਬਾਰਿਕ ਕਿਛੂ ਨ ਜਾਣਹੂ ਹਰਿ ਮਾਤ ਪਿਤਾ ਪ੍ਰਤਿਪਾਲਾ ॥ ਕਰੁ ਮਾਇਆ
ਅਗਨਿ ਨਿਤ ਮੇਲਤੇ ਗੁਰਿ ਰਾਖੇ ਦੀਨ ਦਇਆਲਾ ॥੩॥ ਬਹੁ ਮੈਲੇ ਨਿਰਮਲ ਹੋਇਆ ਸਭ ਕਿਲਬਿਖ ਹਰਿ ਜਸਿ
ਜਾਲਾ ॥ ਮਨਿ ਅਨਦੁ ਭਇਆ ਗੁਰੁ ਪਾਇਆ ਜਨ ਨਾਨਕ ਸਬਦਿ ਨਿਹਾਲਾ ॥੪॥੫॥ ਮਾਲੀ ਗਉੜਾ ਮਹਲਾ ੪ ॥

ਮੇਰੇ ਮਨ ਹਰਿ ਭਜੁ ਸਭ ਕਿਲਬਿਖ ਕਾਟ ॥ ਹਰਿ ਹਰਿ ਉਰ ਧਾਰਿਓ ਗੁਰਿ ਪੂਰੈ ਮੇਰਾ ਸੀਸੁ ਕੀਜੈ ਗੁਰ ਵਾਟ ॥੧॥ ਰਹਾਉ ॥ ਮੇਰੇ ਹਰਿ ਪ੍ਰਭ ਕੀ ਮੈ ਬਾਤ ਸੁਨਾਵੈ ਤਿਸੁ ਮਨੁ ਦੇਵਉ ਕਟਿ ਕਾਟ ॥ ਹਰਿ ਸਾਜਨੁ ਮੇਲਿਓ ਗੁਰਿ ਪੂਰੈ ਗੁਰ ਬਚਨਿ ਬਿਕਾਨੋ ਹਟਿ ਹਾਟ ॥੧॥ ਮਕਰ ਪ੍ਰਾਗਿ ਦਾਨੁ ਬਹੁ ਕੀਆ ਸਰੀਰੁ ਦੀਓ ਅਧ ਕਾਟਿ ॥ ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵੈ ਬਹੁ ਕੰਚਨੁ ਦੀਜੈ ਕਟਿ ਕਾਟ ॥੨॥ ਹਰਿ ਕੀਰਤਿ ਗੁਰਮਤਿ ਜਸੁ ਗਾਇਓ ਮਨਿ ਉਘਰੇ ਕਪਟ ਕਪਾਟ ॥ ਤ੍ਰਿਕੁਟੀ ਫੋਰਿ ਭਰਮੁ ਭਉ ਭਾਗਾ ਲਜ ਭਾਨੀ ਮਟੁਕੀ ਮਾਟ ॥੩॥ ਕਲਜੁਗਿ ਗੁਰੁ ਪੂਰਾ ਤਿਨ ਪਾਇਆ ਜਿਨ ਧੁਰਿ ਮਸਤਕਿ ਲਿਖੇ ਲਿਲਾਟ ॥ ਜਨ ਨਾਨਕ ਰਸੁ ਅੰਮ੍ਰਿਤੁ ਪੀਆ ਸਭ ਲਾਥੀ ਭੂਖ ਤਿਖਾਟ ॥੪॥੬॥ ਛਕਾ ੧ ॥

ਮਾਲੀ ਗਉੜਾ ਮਹਲਾ ੫

ੴ ਸਤਿਗੁਰ ਪ੍ਰਸਾਦਿ ॥ ਰੇ ਮਨ ਟਹਲ ਹਰਿ ਸੁਖ ਸਾਰ ॥ ਅਵਰ ਟਹਲਾ ਝੂਠੀਆ ਨਿਤ ਕਰੈ ਜਮੁ ਸਿਰਿ ਮਾਰ ॥੧॥ ਰਹਾਉ ॥ ਜਿਨਾ ਮਸਤਕਿ ਲੀਖਿਆ ਤੇ ਮਿਲੇ ਸੰਗਾਰ ॥ ਸੰਸਾਰੁ ਭਉਜਲੁ ਤਾਰਿਆ ਹਰਿ ਸੰਤ ਪੁਰਖ ਅਪਾਰ ॥੧॥ ਨਿਤ ਚਰਨ ਸੇਵਹੁ ਸਾਧ ਕੇ ਤਜਿ ਲੋਭ ਮੋਹ ਬਿਕਾਰ ॥ ਸਭ ਤਜਹੁ ਦੂਜੀ ਆਸੜੀ ਰਖੁ ਆਸ ਇਕ ਨਿਰੰਕਾਰ ॥੨॥ ਇਕਿ ਭਰਮਿ ਭੂਲੇ ਸਾਕਤਾ ਬਿਨੁ ਗੁਰ ਅੰਧ ਅੰਧਾਰ ॥ ਧੁਰਿ ਹੋਵਨਾ ਸੁ ਹੋਇਆ ਕੋ ਨ ਮੇਟਣਹਾਰ ॥੩॥ ਅਗਮ ਰੂਪੁ ਗੋਬਿੰਦ ਕਾ ਅਨਿਕ ਨਾਮ ਅਪਾਰ ॥ ਧਨੁ ਧੰਨੁ ਤੇ ਜਨ ਨਾਨਕਾ ਜਿਨ ਹਰਿ ਨਾਮਾ ਉਰਿ ਧਾਰ ॥੪॥੧॥ ਮਾਲੀ ਗਉੜਾ ਮਹਲਾ ੫ ॥ ਰਾਮ ਨਾਮ ਕਉ ਨਮਸਕਾਰ ॥ ਜਾਸੁ ਜਪਤ ਹੋਵਤ ਉਧਾਰ ॥੧॥ ਰਹਾਉ ॥ ਜਾ ਕੈ ਸਿਮਰਨਿ ਮਿਟਹਿ ਧੰਧ ॥ ਜਾ ਕੈ ਸਿਮਰਨਿ ਛੂਟਹਿ ਬੰਧ ॥ ਜਾ ਕੈ ਸਿਮਰਨਿ ਮੂਰਖ ਚਤੁਰ ॥ ਜਾ ਕੈ ਸਿਮਰਨਿ ਕੁਲਹ ਉਧਰ ॥੧॥ ਜਾ ਕੈ ਸਿਮਰਨਿ ਭਉ ਦੁਖ ਹਰੈ ॥ ਜਾ ਕੈ ਸਿਮਰਨਿ ਅਪਦਾ ਟਰੈ ॥ ਜਾ ਕੈ ਸਿਮਰਨਿ ਮੁਚਤ ਪਾਪ ॥ ਜਾ ਕੈ ਸਿਮਰਨਿ ਨਹੀ ਸੰਤਾਪ ॥੨॥ ਜਾ ਕੈ ਸਿਮਰਨਿ ਰਿਦ ਬਿਗਾਸ ॥ ਜਾ ਕੈ ਸਿਮਰਨਿ ਕਵਲਾ ਦਾਸਿ ॥ ਜਾ ਕੈ ਸਿਮਰਨਿ ਨਿਧਿ ਨਿਧਾਨ ॥ ਜਾ ਕੈ ਸਿਮਰਨਿ ਤਰੇ ਨਿਦਾਨ ॥੩॥ ਪਤਿਤ ਪਾਵਨੁ ਨਾਮੁ ਹਰੀ ॥ ਕੋਟਿ ਭਗਤ ਉਧਾਰੁ ਕਰੀ ॥ ਹਰਿ ਦਾਸ ਦਾਸਾ ਦੀਨੁ ਸਰਨ ॥ ਨਾਨਕ ਮਾਥਾ ਸੰਤ ਚਰਨ ॥੪॥੨॥ ਮਾਲੀ ਗਉੜਾ ਮਹਲਾ ੫ ॥ ਐਸੋ ਸਹਾਈ ਹਰਿ ਕੋ ਨਾਮ ॥ ਸਾਧਸੰਗਤਿ ਭਜੁ ਪੂਰਨ ਕਾਮ ॥੧॥ ਰਹਾਉ ॥ ਬੂਡਤ ਕਉ ਜੈਸੇ ਬੇੜੀ

ਮਿਲਤ ॥ ਬੂਝਤ ਦੀਪਕ ਮਿਲਤ ਤਿਲਤ ॥ ਜਲਤ ਅਗਨੀ ਮਿਲਤ ਨੀਰ ॥ ਜੈਸੇ ਬਾਰਿਕ ਮੁਖਹਿ ਖੀਰ ॥੧॥ ਜੈਸੇ ਰਣ ਮਹਿ ਸਖਾ ਭ੍ਰਾਤ ॥ ਜੈਸੇ ਭੂਖੇ ਭੋਜਨ ਮਾਤ ॥ ਜੈਸੇ ਕਿਰਖਹਿ ਬਰਸ ਮੇਘ ॥ ਜੈਸੇ ਪਾਲਨ ਸਰਨਿ ਸੇਂਘ ॥੨॥ ਗਰੁੜ ਮੁਖਿ ਨਹੀ ਸਰਪ ਤ੍ਰਾਸ ॥ ਸੂਆ ਪਿੰਜਰਿ ਨਹੀ ਖਾਇ ਬਿਲਾਸੁ ॥ ਜੈਸੋ ਆਂਡੋ ਹਿਰਦੇ ਮਾਹਿ ॥ ਜੈਸੋ ਦਾਨੋ ਚਕੀ ਦਰਾਹਿ ॥੩॥ ਬਹੁਤੁ ਓਪਮਾ ਥੋਰ ਕਹੀ ॥ ਹਰਿ ਅਗਮ ਅਗਮ ਅਗਾਧਿ ਤੁਹੀ ॥ ਊਚ ਮੂਚੌ ਬਹੁ ਅਪਾਰ ॥ ਸਿਮਰਤ ਨਾਨਕ ਤਰੇ ਸਾਰ ॥੪॥੩॥ ਮਾਲੀ ਗਉੜਾ ਮਹਲਾ ੫ ॥ ਇਹੀ ਹਮਾਰੈ ਸਫਲ ਕਾਜ ॥ ਅਪੁਨੇ ਦਾਸ ਕਉ ਲੇਹੁ ਨਿਵਾਜਿ ॥੧॥ ਰਹਾਉ ॥ ਚਰਨ ਸੰਤਹ ਮਾਥ ਮੋਰ ॥ ਨੈਨਿ ਦਰਸੁ ਪੇਖਉ ਨਿਸਿ ਭੋਰ ॥ ਹਸਤ ਹਮਰੇ ਸੰਤ ਟਹਲ ॥ ਪ੍ਰਾਨ ਮਨੁ ਧਨੁ ਸੰਤ ਬਹਲ ॥੧॥ ਸੰਤਸੰਗਿ ਮੇਰੇ ਮਨ ਕੀ ਪ੍ਰੀਤਿ ॥ ਸੰਤ ਗੁਨ ਬਸਹਿ ਮੇਰੈ ਚੀਤਿ ॥ ਸੰਤ ਆਗਿਆ ਮਨਹਿ ਮੀਠ ॥ ਮੇਰਾ ਕਮਲੁ ਬਿਗਸੈ ਸੰਤ ਡੀਠ ॥੨॥ ਸੰਤਸੰਗਿ ਮੇਰਾ ਹੋਇ ਨਿਵਾਸੁ ॥ ਸੰਤਨ ਕੀ ਮੋਹਿ ਬਹੁਤੁ ਪਿਆਸ ॥ ਸੰਤ ਬਚਨ ਮੇਰੇ ਮਨਹਿ ਮੰਤ ॥ ਸੰਤ ਪ੍ਰਸਾਦਿ ਮੇਰੇ ਬਿਖੈ ਹੰਤ ॥੩॥ ਮੁਕਤਿ ਜੁਗਤਿ ਏਹਾ ਨਿਧਾਨ ॥ ਪ੍ਰਭ ਦਇਆਲ ਮੋਹਿ ਦੇਵਹੁ ਦਾਨ ॥ ਨਾਨਕ ਕਉ ਪ੍ਰਭ ਦਇਆ ਧਾਰਿ ॥ ਚਰਨ ਸੰਤਨ ਕੇ ਮੇਰੇ ਰਿਦੇ ਮਝਾਰਿ ॥੪॥੪॥ ਮਾਲੀ ਗਉੜਾ ਮਹਲਾ ੫ ॥ ਸਭ ਕੈ ਸੰਗੀ ਨਾਹੀ ਦੂਰਿ ॥ ਕਰਨ ਕਰਾਵਨ ਹਾਜਰਾ ਹਜੂਰਿ ॥੧॥ ਰਹਾਉ ॥ ਸੁਨਤ ਜੀਓ ਜਾਸੁ ਨਾਮੁ ॥ ਦੁਖ ਬਿਨਸੇ ਸੁਖ ਕੀਓ ਬਿਸ੍ਰਾਮੁ ॥ ਸਗਲ ਨਿਧਿ ਹਰਿ ਹਰਿ ਹਰੇ ॥ ਮੁਨਿ ਜਨ ਤਾ ਕੀ ਸੇਵ ਕਰੇ ॥੧॥ ਜਾ ਕੈ ਘਰਿ ਸਗਲੇ ਸਮਾਹਿ ॥ ਜਿਸ ਤੇ ਬਿਰਥਾ ਕੋਇ ਨਾਹਿ ॥ ਜੀਅ ਜੰਤ੍ਰ ਕਰੇ ਪ੍ਰਤਿਪਾਲ ॥ ਸਦਾ ਸਦਾ ਸੇਵਹੁ ਕਿਰਪਾਲ ॥੨॥ ਸਦਾ ਧਰਮੁ ਜਾ ਕੈ ਦੀਬਾਣਿ ॥ ਬੇਮੁਹਤਾਜ ਨਹੀ ਕਿਛੁ ਕਾਣਿ ॥ ਸਭ ਕਿਛੁ ਕਰਨਾ ਆਪਨ ਆਪਿ ॥ ਰੇ ਮਨ ਮੇਰੇ ਤੂ ਤਾ ਕਉ ਜਾਪਿ ॥੩॥ ਸਾਧਸੰਗਤਿ ਕਉ ਹਉ ਬਲਿਹਾਰ ॥ ਜਾਸੁ ਮਿਲਿ ਹੋਵੈ ਉਧਾਰੁ ॥ ਨਾਮ ਸੰਗਿ ਮਨ ਤਨਹਿ ਰਾਤ ॥ ਨਾਨਕ ਕਉ ਪ੍ਰਭਿ ਕਰੀ ਦਾਤਿ ॥੪॥੫॥

ਮਾਲੀ ਗਉੜਾ ਮਹਲਾ ੫ ਦੁਪਦੇ

ੴ ਸਤਿਗੁਰ ਪ੍ਰਸਾਦਿ ॥ ਹਰਿ ਸਮਰਥ ਕੀ ਸਰਨਾ ॥ ਜੀਉ ਪਿੰਡੁ ਧਨੁ ਰਾਸਿ ਮੇਰੀ ਪ੍ਰਭ ਏਕ ਕਾਰਨ ਕਰਨਾ ॥੧॥ ਰਹਾਉ ॥ ਸਿਮਰਿ ਸਿਮਰਿ ਸਦਾ ਸੁਖੁ ਪਾਈਐ ਜੀਵਣੈ ਕਾ ਮੂਲੁ ॥ ਰਵਿ ਰਹਿਆ ਸਰਬਤ ਠਾਈ ਸੂਖਮੋ ਅਸਥੂਲ

॥੧॥ ਆਲ ਜਾਲ ਬਿਕਾਰ ਤਜਿ ਸਭਿ ਹਰਿ ਗੁਨਾ ਨਿਤਿ ਗਾਉ ॥ ਕਰ ਜੋੜਿ ਨਾਨਕੁ ਦਾਨੁ ਮਾਂਗੈ ਦੇਹੁ ਅਪਨਾ ਨਾਉ ॥੨॥੧॥੬॥ ਮਾਲੀ ਗਉੜਾ ਮਹਲਾ ੫ ॥ ਪ੍ਰਭ ਸਮਰਥ ਦੇਵ ਅਪਾਰ ॥ ਕਉਨੁ ਜਾਨੈ ਚਲਿਤ ਤੇਰੇ ਕਿਛੁ ਅੰਤੁ ਨਾਹੀ ਪਾਰ ॥੧॥ ਰਹਾਉ ॥ ਇਕ ਖਿਨਹਿ ਥਾਪਿ ਉਥਾਪਦਾ ਘੜਿ ਭੰਨਿ ਕਰਨੈਹਾਰੁ ॥ ਜੇਤ ਕੀਨ ਉਪਾਰਜਨਾ ਪ੍ਰਭੁ ਦਾਨੁ ਦੇਇ ਦਾਤਾਰ ॥੧॥ ਹਰਿ ਸਰਨਿ ਆਇਓ ਦਾਸੁ ਤੇਰਾ ਪ੍ਰਭ ਊਚ ਅਗਮ ਮੁਰਾਰ ॥ ਕਢਿ ਲੇਹੁ ਭਉਜਲ ਬਿਖਮ ਤੇ ਜਨੁ ਨਾਨਕੁ ਸਦ ਬਲਿਹਾਰ ॥੨॥੨॥੭॥ ਮਾਲੀ ਗਉੜਾ ਮਹਲਾ ੫ ॥ ਮਨਿ ਤਨਿ ਬਸਿ ਰਹੇ ਗੋਪਾਲ ॥ ਦੀਨ ਬਾਂਧਵ ਭਗਤਿ ਵਛਲ ਸਦਾ ਸਦਾ ਕ੍ਰਿਪਾਲ ॥੧॥ ਰਹਾਉ ॥ ਆਦਿ ਅੰਤੇ ਮਧਿ ਤੂਹੈ ਪ੍ਰਭ ਬਿਨਾ ਨਾਹੀ ਕੋਇ ॥ ਪੂਰਿ ਰਹਿਆ ਸਗਲ ਮੰਡਲ ਏਕੁ ਸੁਆਮੀ ਸੋਇ ॥੧॥ ਕਰਨਿ ਹਰਿ ਜਸੁ ਨੇਤ੍ਰ ਦਰਸਨੁ ਰਸਨਿ ਹਰਿ ਗੁਨ ਗਾਉ ॥ ਬਲਿਹਾਰਿ ਜਾਏ ਸਦਾ ਨਾਨਕੁ ਦੇਹੁ ਅਪਣਾ ਨਾਉ ॥੨॥੩॥੮॥੬॥੧੪॥

ਮਾਲੀ ਗਉੜਾ ਬਾਣੀ ਭਗਤ ਨਾਮਦੇਵ ਜੀ ਕੀ ੴ ਸਤਿਗੁਰ ਪ੍ਰਸਾਦਿ ॥

ਧਨਿ ਧੰਨਿ ਓ ਰਾਮ ਬੇਨੁ ਬਾਜੈ ॥ ਮਧੁਰ ਮਧੁਰ ਧੁਨਿ ਅਨਹਤ ਗਾਜੈ ॥੧॥ ਰਹਾਉ ॥ ਧਨਿ ਧਨਿ ਮੇਘਾ ਰੋਮਾਵਲੀ ॥ ਧਨਿ ਧਨਿ ਕ੍ਰਿਸਨ ਓਢੈ ਕਾਂਬਲੀ ॥੧॥ ਧਨਿ ਧਨਿ ਤੂ ਮਾਤਾ ਦੇਵਕੀ ॥ ਜਿਹ ਗ੍ਰਿਹ ਰਮਈਆ ਕਵਲਾਪਤੀ ॥੨॥ ਧਨਿ ਧਨਿ ਬਨ ਖੰਡ ਬਿੰਦ੍ਰਾਬਨਾ ॥ ਜਹ ਖੇਲੈ ਸ੍ਰੀ ਨਾਰਾਇਨਾ ॥੩॥ ਬੇਨੁ ਬਜਾਵੈ ਗੋਧਨੁ ਚਰੈ ॥ ਨਾਮੇ ਕਾ ਸੁਆਮੀ ਆਨਦ ਕਰੈ ॥੪॥੧॥ ਮੇਰੋ ਬਾਪੁ ਮਾਧਉ ਤੂ ਧਨੁ ਕੇਸੌ ਸਾਂਵਲੀਓ ਬੀਠੁਲਾਇ ॥੧॥ ਰਹਾਉ ॥ ਕਰ ਧਰੇ ਚਕ੍ਰ ਬੈਕੁੰਠ ਤੇ ਆਏ ਗਜ ਹਸਤੀ ਕੇ ਪ੍ਰਾਨ ਉਧਾਰੀਅਲੇ ॥ ਦੁਹਸਾਸਨ ਕੀ ਸਭਾ ਦ੍ਰੋਪਤੀ ਅੰਬਰ ਲੇਤ ਉਬਾਰੀਅਲੇ ॥੧॥ ਗੋਤਮ ਨਾਰਿ ਅਹਲਿਆ ਤਾਰੀ ਪਾਵਨ ਕੇਤਕ ਤਾਰੀਅਲੇ ॥ ਐਸਾ ਅਧਮੁ ਅਜਾਤਿ ਨਾਮਦੇਉ ਤਉ ਸਰਨਾਗਤਿ ਆਈਅਲੇ ॥੨॥੨॥ ਸਭੈ ਘਟ ਰਾਮੁ ਬੋਲੈ ਰਾਮਾ ਬੋਲੈ ॥ ਰਾਮ ਬਿਨਾ ਕੋ ਬੋਲੈ ਰੇ ॥੧॥ ਰਹਾਉ ॥ ਏਕਲ ਮਾਟੀ ਕੁੰਜਰ ਚੀਟੀ ਭਾਜਨ ਹੈਂ ਬਹੁ ਨਾਨਾ ਰੇ ॥ ਅਸਥਾਵਰ ਜੰਗਮ ਕੀਟ ਪਤੰਗਮ ਘਟਿ ਘਟਿ ਰਾਮੁ ਸਮਾਨਾ ਰੇ ॥੧॥ ਏਕਲ ਚਿੰਤਾ ਰਾਖੁ ਅਨੰਤਾ ਅਉਰ ਤਜਹੁ ਸਭ ਆਸਾ ਰੇ ॥ ਪ੍ਰਣਵੈ ਨਾਮਾ ਭਏ ਨਿਹਕਾਮਾ ਕੋ ਠਾਕੁਰੁ ਕੋ ਦਾਸਾ ਰੇ ॥੨॥੩॥